# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ :09-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਭਾਰਤੀ ਜਨਤਾ ਪਾਰਟੀ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ 'ਚ 25 ਸਾਲ ਪੂਰੇ ਹੋਣ ਮੌਕੇ, 17 ਸਤੰਬਰ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਇੱਕ ਮਹੀਨਾ ਚੱਲਣ ਵਾਲੀ ਸੇਵਾ ਸੰਕਲਪ ਮੁਹਿੰਮ ਸ਼ੁਰੂ ਕਰੇਗੀ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਕੋਲੰਬੋ ਵਿੱਚ, ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨਾਲ ਮੀਟਿੰਗ ਕੀਤੀ। ਦੋਵਾਂ ਨੇਤਾਵਾਂ ਨੇ ਦੁਹਰਾਇਆ ਕਿ ਦੋਵੇਂ ਦੇਸ਼, ਵਿਕਾਸ ਅਤੇ ਆਪਣੇ ਲੋਕਾਂ ਦੀ ਭਲਾਈ ਲਈ, ਰਲ ਕੇ ਕੰਮ ਕਰਨਾ ਜਾਰੀ ਰੱਖਣਗੇ।

- ਬ੍ਰਿਕਸ ਦੇਸ਼ਾਂ ਦੇ ਵਿੱਤ ਮੰਤਰੀਆਂ ਅਤੇ ਕੇਂਦਰੀ ਬੈਂਕਾਂ ਦੇ ਗਵਰਨਰਾਂ ਦੀ ਦੋ ਦਿਨਾਂ ਮੀਟਿੰਗ, ਅੱਜ ਮੁੰਬਈ ਵਿੱਚ ਸ਼ੁਰੂ ਹੋ ਗਈ ਏ।

- ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਸਤਿਆ ਨਿਕੇਤਨ ਵਿੱਚ ਇਮਾਰਤ ਢਹਿਣ ਦੀ ਘਟਨਾ ਤੋਂ ਬਾਅਦ, ਦਿੱਲੀ ਨਗਰ ਨਿਗਮ ਨੂੰ ਰਾਸ਼ਟਰੀ ਰਾਜਧਾਨੀ ਦੇ ਕਈ ਹਿੱਸਿਆਂ ਵਿੱਚ, ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ।

- ਅਹਿਮਦਾਬਾਦ ਵਿੱਚ, ਵਿਸ਼ਵ ਪੈਰਾ ਤੀਰਅੰਦਾਜ਼ੀ ਸੀਰੀਜ਼ 'ਚ, ਅੱਜ ਭਾਰਤੀ ਤੀਰਅੰਦਾਜ਼, ਵੱਖ-ਵੱਖ ਮੁਕਾਬਲਿਆਂ ਵਿੱਚ, ਸੋਨੇ ਅਤੇ ਕਾਂਸੀ ਦੇ ਤਮਗਿਆਂ ਲਈ ਮੁਕਾਬਲਾ ਕਰਨਗੇ।

***ਹੁਣ ਖਬਰਾਂ ਵਿਸਥਾਰ ਨਾਲ***

ਭਾਰਤੀ ਜਨਤਾ ਪਾਰਟੀ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ 'ਚ 25 ਸਾਲ ਪੂਰੇ ਹੋਣ ਮੌਕੇ, 17 ਸਤੰਬਰ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਇੱਕ ਮਹੀਨਾ ਚੱਲਣ ਵਾਲੀ ਸੇਵਾ ਸੰਕਲਪ ਮੁਹਿੰਮ ਸ਼ੁਰੂ ਕਰੇਗੀ। ਅੱਜ ਨਵੀਂ ਦਿੱਲੀ ਵਿੱਚ, ਇੱਕ ਪ੍ਰੈਸ ਕਾਨਫਰੰਸ ਵਿੱਚ, ਬੀਜੇਪੀ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ ਕਿ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, 7

ਅਕਤੂਬਰ ਨੂੰ ਜਨ ਸੇਵਾ ਦੇ 25 ਸਾਲ ਪੂਰੇ ਕਰਨਗੇ। ਪ੍ਰਧਾਨ ਮੰਤਰੀ ਨੇ 7 ਅਕਤੂਬਰ, 2001 ਨੂੰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਅਹੁਦਾ ਸੰਭਾਲਿਆ ਸੀ। ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਦੌਰਾਨ, ਪ੍ਰਧਾਨ ਮੰਤਰੀ ਨੇ "ਲੋਕਾਂ ਦੀ ਸੇਵਾ ਰਾਹੀਂ ਰਾਸ਼ਟਰ ਦੀ ਸੇਵਾ" ਦੇ ਮੰਤਰ ਨਾਲ ਆਪਣੀ ਸੇਵਾ ਯਾਤਰਾ ਨੂੰ ਲਗਾਤਾਰ ਜਾਰੀ ਰੱਖਿਆ ਏ।

ਬੀਜੇਪੀ ਪ੍ਰਧਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਦੇਸ਼ ਦੀ ਤਰੱਕੀ ਸਿਰਫ਼ ਵਿਕਾਸ ਤੱਕ ਸੀਮਤ ਨਹੀਂ ਰਹੀ, ਸਗੋਂ ਭਾਰਤ ਦੀ ਸੱਭਿਆਚਾਰਕ ਪਛਾਣ ਅਤੇ ਵਿਰਾਸਤ ਵੀ ਮਜ਼ਬੂਤ ਹੋਈ ਏ।

**BYTE: NITIN NABIN**

ਉਨ੍ਹਾਂ ਕਿਹਾ ਕਿ ਜਦੋਂ ਪ੍ਰਧਾਨ ਮੰਤਰੀ ਨੇ ਦੇਸ਼ ਦੀ ਵਾਗਡੋਰ ਸੰਭਾਲੀ ਸੀ, ਤਾਂ ਭਾਰਤ ਨੀਤੀਆਂ 'ਚ ਖੜੋਤ ਨਾਲ ਜੂਝ ਰਿਹਾ ਸੀ ਅਤੇ ਦੁਨੀਆ ਦੀਆਂ ਪੰਜ ਸਭ ਤੋਂ ਕਮਜ਼ੋਰ ਅਰਥਵਿਵਸਥਾਵਾਂ ਵਿੱਚੋਂ ਇੱਕ ਸੀ। ਉਨ੍ਹਾਂ ਕਿਹਾ ਕਿ ਅੱਜ, ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਪ੍ਰਮੁੱਖ ਅਰਥਵਿਵਸਥਾ ਏ।

ਸੇਵਾ ਸੰਕਲਪ ਮੁਹਿੰਮ ਦੀ ਸ਼ੁਰੂਆਤ, ਖ਼ੂਨਦਾਨ ਕੈਂਪਾਂ ਨਾਲ ਹੋਵੇਗੀ। ਸ਼੍ਰੀ ਨਵੀਨ ਨੇ ਕਿਹਾ ਕਿ, 7 ਅਕਤੂਬਰ ਨੂੰ ਪ੍ਰਧਾਨ ਮੰਤਰੀ ਦਾ ਧੰਨਵਾਦ ਕਰਨ ਲਈ, ਇੱਕ ਸੇਵਾ ਜਯੋਤੀ ਕਲਸ਼ ਯਾਤਰਾ ਵੀ ਕੱਢੀ ਜਾਵੇਗੀ, ਜੋ ਪੇਂਡੂ ਅਤੇ ਸ਼ਹਿਰੀ ਇਲਾਕਿਆਂ ਨੂੰ ਜੋੜੇਗੀ।

ਉਨ੍ਹਾਂ ਕਿਹਾ ਕਿ "ਸੇਵਾ ਮੇਰਾ ਯੋਗਦਾਨ" ਪ੍ਰੋਗਰਾਮ, 17 ਸਤੰਬਰ ਤੋਂ 17 ਅਕਤੂਬਰ ਤੱਕ, ਜਨਤਕ ਭਾਗੀਦਾਰੀ ਨਾਲ ਆਯੋਜਿਤ ਕੀਤਾ ਜਾਵੇਗਾ।

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਕੋਲੰਬੋ ਵਿੱਚ, ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ, ਦੋਵਾਂ ਆਗੂਆਂ ਨੇ ਦੁਹਰਾਇਆ ਕਿ ਸੱਭਿਅਤਾ ਨਾਲ ਜੁੜੇ, ਨੇੜਲੇ ਗੁਆਂਢੀ ਅਤੇ ਸਮੁੰਦਰੀ ਭਾਈਵਾਲ ਹੋਣ ਦੇ ਨਾਤੇ, ਭਾਰਤ ਅਤੇ ਸ੍ਰੀਲੰਕਾ, ਦੋਵਾਂ ਦੇਸ਼ਾਂ ਦੇ ਵਿਕਾਸ ਅਤੇ ਆਪਣੇ ਲੋਕਾਂ ਦੀ ਭਲਾਈ ਲਈ ਰਲ ਕੇ ਕੰਮ ਕਰਨਾ ਜਾਰੀ ਰੱਖਣਗੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਖੇਤਰ ਦੀ ਸੁਰੱਖਿਆ, ਸ਼ਾਂਤੀ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ, ਇਕੱਠੇ ਕੰਮ ਕਰਨ ਦੇ ਆਪਣੇ ਸੰਕਲਪ ਨੂੰ ਵੀ ਦੁਹਰਾਇਆ।

---------------------------------------------------

ਰੱਖਿਆ ਮੰਤਰੀ ਨੇ ਸ਼੍ਰੀਲੰਕਾ ਵਿੱਚ ਰਹਿਣ ਵਾਲੇ ਭਾਰਤੀ ਭਾਈਚਾਰੇ ਨੂੰ ਦੋਵਾਂ ਦੇਸ਼ਾਂ ਵਿਚਕਾਰ ਇੱਕ ਪੁਲ ਦੱਸਿਆ ਹੈ। ਉਨ੍ਹਾਂ ਕਿਹਾ ਕਿ ਇਹ ਦੋਵੇਂ ਦੇਸ਼ਾਂ ਵਿਚਕਾਰ ਦੋਸਤੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ। ਸ਼੍ਰੀ ਸਿੰਘ ਕੱਲ੍ਹ ਸ਼੍ਰੀਲੰਕਾ ਦੇ ਤਿੰਨ ਦਿਨਾਂ ਦੌਰੇ 'ਤੇ ਕੋਲੰਬੋ

ਪਹੁੰਚੇ। ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਸੰਕਟ ਦੇ ਸਮੇਂ ਵਿੱਚ ਹਮੇਸ਼ਾ ਸ੍ਰੀਲੰਕਾ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਰਹੇਗਾ।

ਭਾਰਤ ਦੇ ਤੇਜ਼ ਆਰਥਿਕ ਬਦਲਾਅ ਦਾ ਜ਼ਿਕਰ ਕਰਦਿਆਂ, ਸ੍ਰੀ ਸਿੰਘ ਨੇ ਕਿਹਾ ਕਿ ਦੇਸ਼, ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਪ੍ਰਮੁੱਖ ਅਰਥਵਿਵਸਥਾਵਾਂ ਵਿੱਚੋਂ ਇੱਕ ਏ ਅਤੇ ਵਿਸ਼ਵ ਵਿਕਾਸ ਵਿੱਚ, 16 ਫ਼ੀਸਦੀ ਤੋਂ ਵੱਧ ਯੋਗਦਾਨ ਪਾਉਂਦਾ ਏ।

**BYTE: RAJNATH**

---------------------------------------------------------------

ਜਲ ਸੈਨਾ ਮੁਖੀ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ ਅੱਜ ਤੋਂ ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਦੇ ਸਰਕਾਰੀ ਦੌਰੇ 'ਤੇ ਹੋਣਗੇ। ਦੌਰੇ ਦੌਰਾਨ, ਐਡਮਿਰਲ ਸਵਾਮੀਨਾਥਨ, ਆਸਟ੍ਰੇਲੀਆਈ ਸਮੁੰਦਰੀ ਫੌਜ ਦੇ ਸੀਨੀਅਰ ਅਧਿਕਾਰੀਆਂ ਨਾਲ ਦੁਵੱਲੀ ਗੱਲਬਾਤ ਕਰਨਗੇ ਅਤੇ ਸੀਨੀਅਰ ਰੱਖਿਆ ਅਧਿਕਾਰੀਆਂ ਨਾਲ ਵੀ ਮੁਲਾਕਾਤ ਕਰਨਗੇ। ਉਹ ਆਸਟ੍ਰੇਲੀਆਈ ਸਮੁੰਦਰੀ ਫੌਜ ਦੇ ਪ੍ਰਮੁੱਖ ਸੰਚਾਲਨ ਅਤੇ ਸਿਖਲਾਈ ਅਦਾਰਿਆਂ ਦਾ ਵੀ ਦੌਰਾ ਕਰਨਗੇ।

ਨਿਊਜ਼ੀਲੈਂਡ ਵਿੱਚ, ਸਮੁੰਦਰੀ ਫੌਜ ਮੁਖੀ, ਰਾਇਲ ਨਿਊਜ਼ੀਲੈਂਡ ਨੇਵੀ ਦੇ ਅਧਿਕਾਰੀਆਂ ਅਤੇ ਪੇਸ਼ੇਵਰ ਫੌਜੀ ਸਿਖਲਾਈ ਲੈ ਰਹੇ ਅਧਿਕਾਰੀਆਂ ਨਾਲ ਚਰਚਾ ਕਰਨਗੇ। ਐਡਮਿਰਲ ਸਵਾਮੀਨਾਥਨ, ਨਿਊਜ਼ੀਲੈਂਡ ਦੇ

ਸੀਨੀਅਰ ਰੱਖਿਆ ਅਧਿਕਾਰੀਆਂ ਨਾਲ ਵੀ ਵਿਚਾਰ-ਵਟਾਂਦਰਾ ਕਰਨਗੇ।

----------------------------------------------------------

ਬ੍ਰਿਕਸ ਨੇਤਾਵਾਂ ਦੇ ਸੰਮੇਲਨ ਤੋਂ ਪਹਿਲਾਂ, ਬ੍ਰਿਕਸ ਦੇਸ਼ਾਂ ਦੇ ਵਿੱਤ ਮੰਤਰੀਆਂ ਅਤੇ ਕੇਂਦਰੀ ਬੈਂਕਾਂ ਦੇ ਗਵਰਨਰਾਂ ਦੀ ਦੋ ਦਿਨਾਂ ਮੀਟਿੰਗ ਅੱਜ ਮੁੰਬਈ ਵਿੱਚ ਸ਼ੁਰੂ ਹੋ ਗਈ ਏ। ਇਹ ਮੀਟਿੰਗ ਕੱਲ੍ਹ ਵੀ ਜਾਰੀ ਰਹੇਗੀ।

ਇਸ ਸਾਲ ਬ੍ਰਿਕਸ Finance ਟ੍ਰੈਕ ਦਾ ਵਿਸ਼ਾ ਏ: "ਮਜ਼ਬੂਤੀ, ਨਵੀਨਤਾ, ਸਹਿਯੋਗ ਅਤੇ ਨਿਰੰਤਰ ਵਿਕਾਸ ਲਈ ਨਿਰਮਾਣ।"

ਇਸ ਤੋਂ ਪਹਿਲਾਂ, ਵਿੱਤ ਮੰਤਰੀਆਂ ਅਤੇ ਬੈਂਕਾਂ ਦੇ ਗਵਰਨਰਾਂ ਨੇ ਪਿਛਲੇ ਮਹੀਨੇ ਜੈਪੁਰ ਵਿੱਚ ਮੁਲਾਕਾਤ ਕੀਤੀ ਸੀ।

ਕੇਂਦਰੀ ਵਿੱਤ ਅਤੇ ਕਾਰਪੋਰੇਟ ਮਾਮਲਿਆਂ ਬਾਰੇ ਮੰਤਰੀ ਨਿਰਮਲਾ ਸੀਤਾਰਮਨ ਨੇ ਮੁੰਬਈ ਵਿੱਚ ਮੀਟਿੰਗ ਤੋਂ ਪਹਿਲਾਂ, ਬ੍ਰਿਕਸ Finance ਟ੍ਰੈਕ ਦੇ ਮੁੱਖ ਨਤੀਜਿਆਂ ਦੀ ਸਮੀਖਿਆ ਕੀਤੀ।

----------------------------------------------------------

ਭਾਰਤ ਨੇ ਸਾਊਦੀ ਅਰਬ ਦੇ ਇਲਾਕੇ ਵਿੱਚ ਹੂਤੀ ਬਾਗੀਆਂ ਦੇ ਹਮਲਿਆਂ, ਖਾਸ ਕਰਕੇ ਨਾਗਰਿਕਾਂ ਅਤੇ ਆਰਥਿਕ ਸਹੂਲਤਾਂ ਨੂੰ ਨਿਸ਼ਾਨਾ ਬਣਾਉਣ ਦੀ ਨਿੰਦਾ ਕੀਤੀ ਏ। ਸਾਊਦੀ ਅਰਬ ਵਿੱਚ ਹੋਏ

ਹਮਲਿਆਂ ਬਾਰੇ ਪੱਤਰਕਾਰਾਂ ਨਾਲ ਗੱਲ ਕਰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਅਜਿਹੇ ਹਮਲੇ, ਜੋ ਖੇਤਰ ਦੀ ਸੁਰੱਖਿਆ ਅਤੇ ਸਥਿਰਤਾ ਨੂੰ ਕਮਜ਼ੋਰ ਕਰਦੇ ਨੇ ਅਤੇ ਬਾਬ-ਅਲ-ਮੰਦੇਬ ਵਿੱਚ ਆਵਾਜਾਈ ਦੀ ਆਜ਼ਾਦੀ ਲਈ ਖ਼ਤਰਾ ਪੈਦਾ ਕਰਦੇ ਨੇ, ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

---------------------------------------------------------------

ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਸਤਿਆ ਨਿਕੇਤਨ ਵਿੱਚ ਇਮਾਰਤ ਢਹਿਣ ਦੀ ਘਟਨਾ ਤੋਂ ਬਾਅਦ, ਦਿੱਲੀ ਨਗਰ ਨਿਗਮ (MCD) ਨੂੰ ਰਾਸ਼ਟਰੀ ਰਾਜਧਾਨੀ ਦੇ ਕਈ ਹਿੱਸਿਆਂ ਵਿੱਚ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ। ਸ੍ਰੀਮਤੀ ਗੁਪਤਾ ਨੇ ਦਿੱਲੀ ਨਗਰ ਨਿਗਮ ਦੇ ਸਾਰੇ ਸੀਨੀਅਰ ਅਧਿਕਾਰੀਆਂ ਨੂੰ ਵੀ ਕਾਰਵਾਈ ਦੌਰਾਨ ਮੌਕੇ 'ਤੇ ਮੌਜੂਦ ਰਹਿਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਪੂਰੀ ਦਿੱਲੀ ਵਿੱਚ 'ਪੇਇੰਗ ਗੈਸਟ' ਰਿਹਾਇਸ਼ਾਂ ਦੀ ਜਾਂਚ ਦੇ ਹੁਕਮ ਦਿੱਤੇ ਅਤੇ ਅਧਿਕਾਰੀਆਂ ਨੂੰ ਨਾਜਾਇਜ਼ ਉਸਾਰੀਆਂ ਦੀ ਜਾਂਚ ਕਰਨ ਤੇ ਇਮਾਰਤਾਂ ਦੇ ਰਿਕਾਰਡ ਦੀ ਪੜਤਾਲ ਕਰਨ ਲਈ ਕਿਹਾ ਏ।

---------------------------------------------------------------

'ਪ੍ਰੋਜੈਕਟ ਜੀਵਨਜੋਤ' ਤਹਿਤ ਬੱਚਿਆਂ ਵੱਲੋਂ ਭੀਖ ਮੰਗਣ ਦੀ ਪ੍ਰਥਾ ਵਿਰੁੱਧ ਆਪਣੀ ਮੁਹਿੰਮ ਨੂੰ ਤੇਜ਼ ਕਰਦਿਆਂ, ਪੰਜਾਬ ਦੇ ਸਮਾਜਿਕ

ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਨੇ ਪਿਛਲੇ ਕੁਝ ਦਿਨਾਂ ਦੌਰਾਨ, ਸੂਬੇ ਵਿੱਚ 39 ਬੱਚਿਆਂ ਨੂੰ ਛੁਡਵਾਇਆ ਏ।

ਉਨ੍ਹਾਂ ਨੂੰ ਪੰਜਾਬ ਭਰ ਵਿੱਚ ਪਛਾਣੇ ਗਏ 195 ਸੰਵੇਦਨਸ਼ੀਲ ਇਲਾਕਿਆਂ 'ਚ, 82 ਵਿਸ਼ੇਸ਼ ਬਚਾਅ ਮੁਹਿੰਮਾਂ ਦੌਰਾਨ, ਬਚਾਇਆ ਗਿਆ। ਉਨ੍ਹਾਂ ਨੂੰ ਢੁਕਵੀਂ ਦੇਖਭਾਲ, ਸੁਰੱਖਿਆ ਅਤੇ ਮੁੜ-ਵਸੇਬੇ ਲਈ ਸਬੰਧਤ, ਬਾਲ ਭਲਾਈ ਕਮੇਟੀਆਂ ਦੇ ਸਾਹਮਣੇ ਪੇਸ਼ ਕੀਤਾ ਗਿਆ। ਦਸਤਾਵੇਜ਼ਾਂ ਅਤੇ ਪਰਿਵਾਰਕ ਵੇਰਵਿਆਂ ਦੀ ਪੂਰੀ ਤਰ੍ਹਾਂ ਪੜਤਾਲ ਕਰਨ ਤੋਂ ਬਾਅਦ, 27 ਬੱਚਿਆਂ ਨੂੰ ਮੌਕੇ 'ਤੇ ਹੀ ਉਨ੍ਹਾਂ ਦੇ ਮਾਪਿਆਂ ਹਵਾਲੇ ਕਰ ਦਿੱਤਾ ਗਿਆ, ਜਦਕਿ ਬਾਕੀ 12 ਬੱਚਿਆਂ ਨੂੰ ਬਾਲ ਸੰਭਾਲ ਸੰਸਥਾਵਾਂ ਵਿੱਚ ਰੱਖਿਆ ਗਿਆ ਏ।

ਸਮਾਜਿਕ ਸੁਰੱਖਿਆ ਮੰਤਰੀ, ਡਾ. ਬਲਜੀਤ ਕੌਰ ਨੇ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਇਸ ਮਾਨਵਤਾਵਾਦੀ ਮਿਸ਼ਨ ਵਿੱਚ ਭਾਈਵਾਲ ਬਣਨ ਅਤੇ ਭੀਖ ਮੰਗਦੇ ਜਾਂ ਦੇਖਭਾਲ ਅਤੇ ਸੁਰੱਖਿਆ ਦੀ ਲੋੜ ਵਾਲੇ ਕਿਸੇ ਵੀ ਬੱਚੇ ਬਾਰੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਬਾਲ ਭਲਾਈ ਕਮੇਟੀ ਜਾਂ ਚਾਈਲਡ ਹੈਲਪਲਾਈਨ 1098 ਨੂੰ ਸੂਚਿਤ ਕਰਨ।

'ਪ੍ਰੋਜੈਕਟ ਜੀਵਨਜੋਤ' ਦੇ ਪਹਿਲੇ ਪੜਾਅ ਦੌਰਾਨ, ਪਿਛਲੇ ਸਾਲ 367 ਬੱਚਿਆਂ ਨੂੰ ਬਚਾਇਆ ਗਿਆ ਸੀ।

---------------------------------------------------

ਰਾਜਸਥਾਨ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਦੇ ਪਹਿਲੇ ਗੇੜ ਲਈ, ਅੱਜ ਵੋਟਿੰਗ ਹੋ ਰਹੀ ਏ। ਵੋਟਾਂ ਸ਼ਾਮੀਂ  6 ਵਜੇ ਤੱਕ ਪੈਣਗੀਆਂ। ਇਹ ਚੋਣਾਂ, 162 ਸ਼ਹਿਰੀ ਸਥਾਨਕ ਸੰਸਥਾਵਾਂ ਲਈ ਕਰਵਾਈਆਂ ਜਾ ਰਹੀਆਂ ਨੇ, ਜਿਨ੍ਹਾਂ ਵਿੱਚ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪਾਲਿਕਾਵਾਂ ਸ਼ਾਮਲ ਨੇ।

20,600 ਤੋਂ ਵੱਧ ਉਮੀਦਵਾਰ, 5,093 ਵਾਰਡਾਂ ਵਿੱਚ ਚੋਣ ਲੜ ਰਹੇ ਨੇ। ਰਾਜ ਭਰ ਵਿੱਚ 7,600 ਤੋਂ ਵੱਧ ਪੋਲਿੰਗ ਸਟੇਸ਼ਨ, ਸਥਾਪਤ ਕੀਤੇ ਗਏ ਨੇ।

---------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪਰਮਵੀਰ ਚੱਕਰ ਜੇਤੂ ਕੈਪਟਨ ਵਿਕਰਮ ਬੱਤਰਾ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ੍ਰੀ ਸ਼ਾਹ ਨੇ ਕਿਹਾ ਕਿ ਕਾਰਗਿਲ ਜੰਗ ਦੌਰਾਨ ਕੈਪਟਨ ਵਿਕਰਮ ਬੱਤਰਾ ਨੇ ਨਾ ਸਿਰਫ਼ ਰਣਨੀਤਕ ਤੌਰ 'ਤੇ ਅਹਿਮ ਚੋਟੀਆਂ 'ਤੇ ਕਬਜ਼ਾ ਕੀਤਾ, ਸਗੋਂ ਆਪਣੀ ਸ਼ਾਨਦਾਰ ਅਗਵਾਈ ਅਤੇ ਬਹਾਦਰੀ ਨਾਲ ਆਪਣੇ ਸਾਥੀ ਸੈਨਿਕਾਂ ਦਾ ਮਨੋਬਲ ਵੀ ਵਧਾਇਆ। ਉਨ੍ਹਾਂ ਕਿਹਾ ਕਿ, ਕੈਪਟਨ ਬੱਤਰਾ ਨੇ 24 ਸਾਲ ਦੀ ਛੋਟੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਗ੍ਰਹਿ ਮੰਤਰੀ ਨੇ ਅੱਗੇ ਕਿਹਾ ਕਿ ਮਾਤ-ਭੂਮੀ ਪ੍ਰਤੀ ਕੈਪਟਨ ਬੱਤਰਾ ਦਾ

ਸਮਰਪਣ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਰਹੇਗਾ।

---

ਭਾਰਤੀ ਪੈਰਾ ਤੀਰਅੰਦਾਜ਼ ਅੱਜ ਅਹਿਮਦਾਬਾਦ ਵਿੱਚ, ਵਿਸ਼ਵ ਪੈਰਾ ਤੀਰਅੰਦਾਜ਼ੀ ਸੀਰੀਜ਼ ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ, ਸੋਨੇ ਅਤੇ ਕਾਂਸੀ ਦੇ ਤਮਗਿਆਂ ਲਈ ਮੁਕਾਬਲਾ ਕਰਨਗੇ।

ਰਿਕਰਵ ਮਿਕਸਡ ਟੀਮ ਮੁਕਾਬਲੇ ਦੇ ਫਾਈਨਲ ਵਿੱਚ, ਭਾਰਤ ਦੀ ਭਾਵਨਾ ਅਤੇ ਹਰਵਿੰਦਰ ਸਿੰਘ, ਚੀਨ ਦੇ ਲਿਆਂਗ ਸ਼ਿਉਰੋਂਗ ਅਤੇ ਸ਼ੀਆ ਲੇਈ ਖਿਲਾਫ ਖੇਡਣਗੇ। ਪੈਰਾ ਕੰਪਾਊਂਡ ਮਹਿਲਾ ਵਿਅਕਤੀਗਤ ਮੁਕਾਬਲੇ ਦੇ ਫਾਈਨਲ ਵਿੱਚ, ਭਾਰਤ ਦੀ ਸ਼ੀਤਲ ਦੇਵੀ ਕੋਲ ਸੋਨੇ ਦਾ ਤਮਗਾ ਜਿੱਤਣ ਦਾ ਇੱਕ ਹੋਰ ਮੌਕਾ ਹੋਵੇਗਾ। ਉਸ ਦਾ ਮੁਕਾਬਲਾ ਕਜ਼ਾਕਿਸਤਾਨ ਦੀ ਆਈਜ਼ਾਦਾ ਸੇਦਾਨ ਨਾਲ ਹੋਵੇਗਾ।

ਸ਼ੀਤਲ ਦੇਵੀ, ਪੈਰਾ ਕੰਪਾਊਂਡ ਮਿਕਸਡ ਟੀਮ ਮੁਕਾਬਲੇ ਵਿੱਚ ਕਾਂਸੀ ਦੇ ਤਮਗੇ ਦੇ ਮੈਚ ਵਿੱਚ ਵੀ ਹਿੱਸਾ ਲਵੇਗੀ।

---

ਜਵਾਹਰ ਨਵੋਦਿਆ ਵਿਦਿਆਲਿਆ ਲਈ 27ਵਾਂ ਰਾਸ਼ਟਰੀ ਯੁਵਾ ਸੰਸਦ ਮੁਕਾਬਲਾ - 2025-26 ਦਾ ਇਨਾਮ ਵੰਡ ਸਮਾਰੋਹ, ਕੱਲ੍ਹ ਨਵੀਂ ਦਿੱਲੀ

ਦੇ ਸੰਸਦ ਭਵਨ ਕੰਪਲੈਕਸ ਵਿਖੇ ਹੋਵੇਗਾ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ ਅਤੇ ਮੁਕਾਬਲੇ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਅਤੇ ਸਕੂਲਾਂ ਨੂੰ ਪੁਰਸਕਾਰ ਪ੍ਰਦਾਨ ਕਰਨਗੇ।

ਸੰਸਦੀ ਮਾਮਲਿਆਂ ਬਾਰੇ ਮੰਤਰਾਲਾ ਪਿਛਲੇ 30 ਸਾਲਾਂ ਤੋਂ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਯੁਵਾ ਸੰਸਦ ਮੁਕਾਬਲੇ ਕਰਵਾ ਰਿਹਾ ਏ।

---

- ਭਾਰਤੀ ਜਨਤਾ ਪਾਰਟੀ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ 'ਚ 25 ਸਾਲ ਪੂਰੇ ਹੋਣ ਮੌਕੇ, 17 ਸਤੰਬਰ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਇੱਕ ਮਹੀਨਾ ਚੱਲਣ ਵਾਲੀ ਸੇਵਾ ਸੰਕਲਪ ਮੁਹਿੰਮ ਸ਼ੁਰੂ ਕਰੇਗੀ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਕੋਲੰਬੋ ਵਿੱਚ, ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨਾਲ ਮੀਟਿੰਗ ਕੀਤੀ। ਦੋਵਾਂ ਨੇਤਾਵਾਂ ਨੇ ਦੁਹਰਾਇਆ ਕਿ ਦੋਵੇਂ ਦੇਸ਼, ਵਿਕਾਸ ਅਤੇ ਆਪਣੇ ਲੋਕਾਂ ਦੀ ਭਲਾਈ ਲਈ, ਰਲ ਕੇ ਕੰਮ ਕਰਨਾ ਜਾਰੀ ਰੱਖਣਗੇ।

- ਬ੍ਰਿਕਸ ਦੇਸ਼ਾਂ ਦੇ ਵਿੱਤ ਮੰਤਰੀਆਂ ਅਤੇ ਕੇਂਦਰੀ ਬੈਂਕਾਂ ਦੇ ਗਵਰਨਰਾਂ ਦੀ ਦੋ ਦਿਨਾਂ ਮੀਟਿੰਗ, ਅੱਜ ਮੁੰਬਈ ਵਿੱਚ ਸ਼ੁਰੂ ਹੋ ਗਈ ਏ।

- ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਸਤਿਆ ਨਿਕੇਤਨ ਵਿੱਚ ਇਮਾਰਤ ਢਹਿਣ ਦੀ ਘਟਨਾ ਤੋਂ ਬਾਅਦ, ਦਿੱਲੀ ਨਗਰ ਨਿਗਮ ਨੂੰ ਰਾਸ਼ਟਰੀ ਰਾਜਧਾਨੀ ਦੇ ਕਈ ਹਿੱਸਿਆਂ ਵਿੱਚ, ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ।

- ਅਹਿਮਦਾਬਾਦ ਵਿੱਚ, ਵਿਸ਼ਵ ਪੈਰਾ ਤੀਰਅੰਦਾਜ਼ੀ ਸੀਰੀਜ਼ 'ਚ, ਅੱਜ ਭਾਰਤੀ ਤੀਰਅੰਦਾਜ਼, ਵੱਖ-ਵੱਖ ਮੁਕਾਬਲਿਆਂ ਵਿੱਚ, ਸੋਨੇ ਅਤੇ ਕਾਂਸੀ ਦੇ ਤਮਗਿਆਂ ਲਈ ਮੁਕਾਬਲਾ ਕਰਨਗੇ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**